# ਆਕਾਸ਼ਵਾਣੀ ਜਲੰਧਰ

# ਪ੍ਰਦੇਸਕ ਖਬਰਾਂ ਪੰਜਾਬੀ

## 18:20

**ਮਿਤੀ : 13-10-2026**

## ਪਹਿਲਾਂ ਬੁਲੇਟਿਨ ਦੀਆਂ ਖ਼ਾਸ ਖਬਰਾਂ

- ਪੰਜਾਬ ਵਿੱਚ, ਨਸ਼ਾ ਵਿਰੋਧੀ ਕਾਰਜਕਰਤਾ, ਪਰਵਿੰਦਰ ਸਿੰਘ ਝੋਟਾ ਦੇ ਕਤਲ ਦੀ, ਭਾਜਪਾ ਸਮੇਤ ਵਖ – ਵਖ ਸਿਆਸੀ ਪਾਰਟੀਆਂ ਵਲੋਂ ਸਖਤ ਨਿਖੇਧੀ. ਸੀ ਬੀ ਆਈ ਜਾਂਚ ਦੀ ਮੰਗ.

- ਪੰਜਾਬ ਵਿੱਚ SIR ਮੁਕੰਮਲ. ਵੋਟਰਾਂ ਦੀ ਕੁੱਲ ਗਿਣਤੀ 2.1 ਕਰੋੜ ਤੋਂ ਵੱਧ. ਰਹਿੰਦੇ ਲੋਕਾਂ ਲਈ ਜਲਦ ਹੀ ਲਾਏ ਜਾਣਗੇ ਵਿਸ਼ੇਸ਼ ਕੈਂਪ.

- ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵਲੋਂ ਐਸ.ਏ.ਐਸ. ਨਗਰ ਵਿਖੇ ਅਤਿ-ਆਧੁਨਿਕ ਬਾਇਓ-ਫਰਟੀਲਾਈਜ਼ਰ ਟੈਸਟਿੰਗ ਲੈਬਾਰਟਰੀ ਦਾ ਉਦਘਾਟਨ.

- 2 ਹਜ਼ਾਰ ਰੁਪਏ ਤੋਂ ਵੱਧ ਦੇ ਗਾਹਕ-ਤੋਂ-ਵਪਾਰੀ ਲੈਣ-ਦੇਣ ਲਈ UPI ਵਪਾਰੀ ਛੋਟ ਦਰ MDR ਦੀਵਾਲੀ ਤੋਂ ਬਾਅਦ ਕੀਤੀ ਜਾਵੇਗੀ ਲਾਗੂ. ਵਿਅਕਤੀ-ਤੋਂ-ਵਿਅਕਤੀ ਸਾਰੇ UPI ਲੈਣ-ਦੇਣ ਰਹਿਣਗੇ ਮੁਫ਼ਤ.

- ਮੌਸਮ ਵਿਭਾਗ ਵੱਲੋਂ, ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ, ਅਗਲੇ 2 ਦਿਨਾਂ ਲਈ, ਕਈ ਥਾਵਾਂ 'ਤੇ ਗੜ੍ਹੇਮਾਰੀ ਅਤੇ ਬਾਰਿਸ਼ ਦਾ ORANGE ਅਲਰਟ ਜਾਰੀ.

## ਹੁਣ ਖਬਰਾਂ ਵਿਸਥਾਰ ਨਾਲ

ਪੰਜਾਬ ਵਿੱਚ, ਅੱਜ ਮਾਨਸਾ ਵਿਖੇ ਇੱਕ ਨਸ਼ਾ ਵਿਰੋਧੀ ਕਾਰਜਕਰਤਾ, ਪਰਵਿੰਦਰ ਸਿੰਘ ਝੋਟਾ ਦੀ ਇੱਕ ਕੈਮਿਸਟ ਨੇ ਦਿਨ-ਦਿਹਾੜੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ. ਇਹ ਘਟਨਾ ਉਦੋਂ ਵਾਪਰੀ ਜਦੋਂ ਇਹ ਕਾਰਜਕਰਤਾ, ਕਥਿਤ ਤੌਰ 'ਤੇ ਨਸ਼ੇ ਵੇਚਣ ਦਾ ਵਿਰੋਧ ਕਰਨ ਲਈ ਕੈਮਿਸਟ ਦੀ ਦੁਕਾਨ 'ਤੇ ਗਏ ਸਨ । ਕਾਰਜਕਰਤਾ ਅਤੇ ਉਸਦੇ ਸਾਥੀਆਂ ਨਾਲ ਬਹਿਸ ਦੌਰਾਨ, ਕੈਮਿਸਟ ਨੇ ਪਰਵਿੰਦਰ ਸਿੰਘ 'ਤੇ ਗੋਲੀ ਚਲਾ ਦਿੱਤੀ। ਓਹਨਾਂ ਨੂੰ ਤਿੰਨ ਗੋਲੀਆਂ ਲੱਗੀਆਂ।

ਓਹਨਾਂ ਨੂੰ ਸਿਵਲ ਹਸਪਤਾਲ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਓਹਨਾਂ ਨੂੰ ਮ੍ਰਿਤਕ ਐਲਾਨ ਦਿੱਤਾ। ਭਾਜਪਾ, ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਸਮੇਤ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਇਸ ਘਟਨਾ ਦੀ ਨਿਖੇਧੀ ਕੀਤੀ ਏ ਅਤੇ ਕਾਨੂੰਨ ਵਿਵਸਥਾ ਦੀ ਵਿਗੜਦੀ ਸਥਿਤੀ ਲਈ ਸੂਬਾ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਏ।ਉਨ੍ਹਾਂ ਕਿਹਾ ਏ ਕਿ ਪੰਜਾਬ ਸਰਕਾਰ ਵੱਲੋਂ ਚਲਾਏ 'ਯੁੱਧ ਨਸ਼ਿਆਂ ਵਿਰੁੱਧ' ਦੇ ਬਾਵਜੂਦ ਅਜੇਹੀ ਘਟਨਾ ਇਸ ਮੁਹਿੰਮ 'ਤੇ ਸ਼ੱਕ ਪੈਦਾ ਕਰਦੀ ਏ | ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਕਿਹਾ ਕਿ ਨਸ਼ਾ ਵਿਰੋਧੀ ਕਾਰਜਕਰਤਾ ਦੀ ਹੱਤਿਆ ਹੈਰਾਨ ਕਰਨ ਵਾਲੀ ਏ ਅਤੇ 'ਆਪ' ਸਰਕਾਰ ਦੇ ਅਧੀਨ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਚਿੰਤਾਜਨਕ ਸਥਿਤੀ ਨੂੰ ਉਜਾਗਰ ਕਰਦੀ ਏ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨਸ਼ਾ ਮੁਕਤ ਪੰਜਾਬ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸੀ। ਅੱਜ, ਜੋ ਲੋਕ ਨਸ਼ਿਆਂ ਵਿਰੁੱਧ ਖੜ੍ਹੇ ਨੇ, ਉਹ ਖੁਦ ਜੋਖਮ ਵਿੱਚ ਨੇ. ਇਹ ਸ਼ਾਸਨ ਦੀ ਇੱਕ

ਗੰਭੀਰ ਨਾਕਾਮਯਾਬੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਸੁਆਲ ਕੀਤਾ ਕਿ ਜੇਕਰ ਡਰੱਗ ਮਾਫੀਆ ਨਾਲ ਲੜਨ ਵਾਲੇ ਸੁਰੱਖਿਅਤ ਨਹੀਂ ਨੇ, ਤਾਂ ਪੰਜਾਬ ਵਿੱਚ ਕੌਣ ਸੁਰੱਖਿਅਤ ਏ ? ਓਹਨਾਂ ਕਿਹਾ ਕਿ ਪੰਜਾਬ ਦੇ ਲੋਕ ਜਵਾਬ ਅਤੇ ਜਵਾਬਦੇਹੀ ਦੇ ਹੱਕਦਾਰ ਨੇ. ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਇਸ ਕਤਲ ਨੂੰ ਬੇਹੱਦ ਦੁਖਦਾਈ ਦੱਸਿਆ ਅਤੇ ਪਰਵਿੰਦਰ ਸਿੰਘ ਦੇ ਪਿਤਾ ਵੱਲੋਂ ਸਥਾਨਕ ਵਿਧਾਇਕ ਦਾ ਇਸ ਮਾਮਲੇ ਵਿਚ ਨਾਂ ਲਏ ਜਾਣ ਮਗਰੋਂ ਪੰਜਾਬ ਦੇ ਰਾਜਪਾਲ ਨੂੰ ਪੱਤਰ ਲਿਖ ਕੇ ਇਸ ਦੀ ਸੀ.ਬੀ.ਆਈ (CBI) ਜਾਂਚ ਦੀ ਮੰਗ ਕੀਤੀ ਏ. ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪਰਵਿੰਦਰ ਸਿੰਘ ਦੇ ਕਤਲ ਦੀ ਮੰਦਭਾਗੀ ਘਟਨਾ ’ਤੇ ਡੂੰਘਾ ਦੁਖ ਪ੍ਰਗਟਾਉਂਦਿਆਂ ਕਿਹੈ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਯਤਨਸ਼ੀਲ ਨੌਜਵਾਨ ਦਾ, ਇਸ ਤਰ੍ਹਾਂ ਕਤਲ ਹੋਣਾ ਬੇਹੱਦ ਦੁਖਦਾਈ ਅਤੇ ਚਿੰਤਾਜਨਕ ਏ । ਇਹ ਘਟਨਾ ਸਮਾਜ

ਅੰਦਰ ਨਸ਼ਿਆਂ ਦੇ ਵਧ ਰਹੇ ਮਾੜ੍ਹੇ ਪ੍ਰਭਾਵਾਂ ਅਤੇ ਇਸ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਚਿੰਤਾ ਪੈਦਾ ਕਰਦੀ ਏ। ਇਸ ਦੌਰਾਨ, ਬਠਿੰਡਾ ਰੇਂਜ ਦੇ ਡੀਆਈਜੀ ਹਰਜੀਤ ਸਿੰਘ ਨੇ ਮੀਡੀਆ ਨੂੰ ਦੱਸਿਆ ਕਿ ਇਸ ਕਤਲ ਮਾਮਲੇ ਵਿੱਚ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ.

---

----------------------------------------------------------------

ਪੰਜਾਬ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ (SIR) ਦੇ ਪੂਰਾ ਹੋਣ ਤੋਂ ਬਾਅਦ, ਰਾਜ ਵਿੱਚ ਵੋਟਰਾਂ ਦੀ ਕੁੱਲ ਗਿਣਤੀ 2.1 ਕਰੋੜ ਤੋਂ ਵੱਧ ਹੋ ਗਈ ਏ, ਜਿਸ ਵਿੱਚ 506 ਤੀਜੇ ਲਿੰਗ ਜਾਂ THIRD GENDER ਦੇ ਵੋਟਰ ਸ਼ਾਮਿਲ ਨੇ. 13 ਅਗਸਤ, 2026 ਨੂੰ ਪਹਿਲਾਂ ਪ੍ਰਕਾਸ਼ਿਤ ਖਰੜਾ ਸੂਚੀ ਵਿੱਚ ਵੋਟਰਾਂ ਦੀ ਗਿਣਤੀ 1 ਕਰੋੜ 93 ਲੱਖ 94 ਹਜ਼ਾਰ 435 ਸੀ. ਇਹ, 3.64 ਫੀਸਦੀ ਦੇ ਵਾਧੇ ਨੂੰ ਦਰਸਾਉਂਦਾ ਏ. ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਕੱਲ੍ਹ ਪ੍ਰਕਾਸ਼ਿਤ ਕੀਤੀਆਂ ਗਈਆਂ

ਅਤੇ ਇਹ ਜ਼ਿਲ੍ਹਾ ਚੋਣ ਅਧਿਕਾਰੀਆਂ (DEOs), ਚੋਣ ਰਜਿਸਟ੍ਰੇਸ਼ਨ ਅਧਿਕਾਰੀਆਂ (EROs) ਅਤੇ ਬੂਥ ਪੱਧਰ ਦੇ ਅਧਿਕਾਰੀਆਂ (BLOs) ਦੇ ਦਫ਼ਤਰਾਂ 'ਤੇ ਉਪਲਬਧ ਨੇ. ਇਹਨਾਂ ਨੂੰ ਮੁੱਖ ਚੋਣ ਅਧਿਕਾਰੀ, ਪੰਜਾਬ ਦੀ ਅਧਿਕਾਰਤ ਵੈੱਬਸਾਈਟ ਅਤੇ ਨਾਗਰਿਕ ਸੇਵਾ ਪੋਰਟਲ www.voters.eci.gov.in ਤੋਂ ਵੀ ਡਾਊਨਲੋਡ ਕੀਤਾ ਜਾ ਸਕਦਾ ਏ । ਮੁੱਖ ਚੋਣ ਅਧਿਕਾਰੀ, ਪੰਜਾਬ, ਸ਼੍ਰੀਮਤੀ ਅਨਿੰਦਿਤਾ ਮਿੱਤਰਾ ਨੇ ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਸਾਰੇ ਵੋਟਰਾਂ ਦਾ ਬਲਾਕ ਪੱਧਰੀ ਅਧਿਕਾਰੀਆਂ ਨਾਲ ਕੰਮ ਨੂੰ ਪੂਰਾ ਕਰਨ ਵਿੱਚ ਸਹਿਯੋਗ ਕਰਨ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਾਰੇ ਯੋਗ ਵੋਟਰਾਂ ਤੱਕ ਪਹੁੰਚਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਗਈ ਏ । ਹਾਲਾਂਕਿ, ਜਿਨ੍ਹਾਂ ਲੋਕਾਂ ਨੇ ਅਜੇ ਵੀ ਅੰਤਿਮ ਸੂਚੀ ਵਿੱਚ ਆਪਣੇ ਨਾਂ ਦਰਜ ਕਰਵਾਉਣੇ ਨੇ, ਉਨ੍ਹਾਂ ਲਈ ਜਲਦ ਹੀ ਵਿਸ਼ੇਸ਼ ਕੈਂਪ ਲਾਏ ਜਾਣਗੇ-

BYTE

ਉਨ੍ਹਾਂ ਕਿਹਾ ਕਿ ਪ੍ਰਕਿਰਿਆ ਦੌਰਾਨ ਸਾਰੀਆਂ ਸਿਆਸੀ ਪਾਰਟੀਆਂ ਸਹਿਮਤ ਸਨ ਅਤੇ ਉਨ੍ਹਾਂ ਨੇ SIR ਦੇ ਕੰਮ ਦੀ ਸ਼ਲਾਘਾ ਕੀਤੀ ਏ ਅਤੇ ਸੰਤੁਸ਼ਟੀ ਦਿਖਾਈ ਏ.

---

\-----------------------------------------------------------------------

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਐਸ.ਏ.ਐਸ. ਨਗਰ ਦੇ ਕਾਲਕਟ ਭਵਨ ਵਿਖੇ ਇੱਕ ਅਤਿ-ਆਧੁਨਿਕ ਬਾਇਓ-ਫਰਟੀਲਾਈਜ਼ਰ ਟੈਸਟਿੰਗ ਲੈਬਾਰਟਰੀ ਦਾ ਉਦਘਾਟਨ ਕੀਤਾ. ਇਸ ਨਾਲ ਹੁਣ ਕਿਸਾਨਾਂ ਨੂੰ ਪ੍ਰਮਾਣਿਤ ਅਤੇ ਮਿਲਾਵਟ-ਰਹਿਤ ਜੈਵਿਕ ਖਾਦਾਂ ਦੀ ਸਪਲਾਈ ਯਕੀਨੀ ਬਣਾਉਣ ਲਈ 4.50 ਕਰੋੜ ਰੁਪਏ ਦੀ ਲਾਗਤ ਨਾਲ ਪੰਜਾਬ ਵਿੱਚ ਤਿੰਨ ਲੈਬਾਂ ਵਾਲਾ ਨੈੱਟਵਰਕ ਮੁਕੰਮਲ ਹੋ ਗਿਆ ਏ। ਇਸ ਤੋਂ ਪਹਿਲਾਂ ਦੋ ਲੈਬਾਰਟਰੀਆਂ ਗੁਰਦਾਸਪੁਰ ਅਤੇ ਬਠਿੰਡਾ ਵਿਖੇ ਕਾਇਮ ਕੀਤੀਆਂ ਜਾ ਚੁੱਕੀਆਂ ਨੇ. ਉਦਘਾਟਨ ਉਪਰੰਤ ਸੰਬੋਧਨ ਕਰਦਿਆਂ ਸ਼੍ਰੀ ਖੁੱਡੀਆਂ ਨੇ ਕਿਹਾ ਕਿ, “ਇਹ ਲੈਬਾਰਟਰੀਆਂ ਕਿਸਾਨਾਂ ਨੂੰ ਮਿਆਰੀ ਉਤਪਾਦ ਉਪਲਬਧ ਕਰਵਾਉਣ,

ਨਕਲੀ ਉਤਪਾਦਾਂ ਤੋਂ ਬਚਾਉਣ ਅਤੇ ਰਸਾਇਣਕ ਖਾਦਾਂ 'ਤੇ ਨਿਰਭਰਤਾ ਘਟਾਉਣ ਵਿੱਚ ਅਹਿਮ ਸਾਬਿਤ ਹੋਣਗੀਆਂ।"

---

-----------------------------------------------------------------------

2 ਹਜ਼ਾਰ ਰੁਪਏ ਤੋਂ ਵੱਧ ਦੇ ਗਾਹਕ-ਤੋਂ-ਵਪਾਰੀ ਲੈਣ-ਦੇਣ ਲਈ UPI ਵਪਾਰੀ ਛੋਟ ਡਰ MDR ਦੀਵਾਲੀ ਤੋਂ ਬਾਅਦ ਲਾਗੂ ਕੀਤੀ ਜਾਵੇਗੀ । ਨੈਸ਼ਨਲ ਪੇਮੈਂਟਸ ਕਾਰਪੋਰੇਸ਼ਨ ਆਫ਼ ਇੰਡੀਆ (NPCI) ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹੈ ਕਿ UPI ਅਤੇ ਸੇਵਾਵਾਂ ਸਟੀਅਰਿੰਗ ਕਮੇਟੀ ਨੇ ਤਿਉਹਾਰਾਂ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦੇ ਹੋਏ, ਅੱਜ ਇਹ ਫੈਸਲਾ ਲਿਆ ਏ ਕਿ, ਚੋਣਵੇਂ, ਗਾਹਕ-ਤੋਂ-ਵਪਾਰੀ UPI ਲੈਣ-ਦੇਣ 'ਤੇ MDR ਦੀਵਾਲੀ ਤੋਂ ਤੁਰੰਤ ਬਾਅਦ ਲਾਗੂ ਕੀਤੀ ਜਾਏਗੀ . ਰਿਪੋਰਟ ਵਿੱਚ ਕਿਹਾ ਗਿਆ ਏ ਕਿ ਇਸਦੀ ਤਰੀਕ ਦੀ ਸੂਚਨਾ ਵੱਖਰੇ ਤੌਰ 'ਤੇ ਐਲਾਨੀ ਜਾਏਗੀ. ਸਾਰੇ ਵਿਅਕਤੀ-ਤੋਂ-ਵਿਅਕਤੀ UPI ਲੈਣ-ਦੇਣ ਮੁਫ਼ਤ ਰਹਿਣਗੇ, ਭਾਵੇਂ ਰਕਮ ਕਿੰਨੀ ਵੀ ਹੋਵੇ. MDR ਚਾਰਜ ਸਿਰਫ਼ 2 ਹਜ਼ਾਰ ਰੁਪਏ ਤੋਂ ਵੱਧ ਦੇ, ਵਿਅਕਤੀ-ਤੋਂ-ਵਪਾਰੀ ਲੈਣ-ਦੇਣ

'ਤੇ ਲਾਗੂ ਹੋਣਗੇ। ਕਰੀਬ 96 ਫੀਸਦੀ ਵਿਅਕਤੀ-ਤੋਂ-ਵਪਾਰੀ UPI ਲੈਣ-ਦੇਣ ਪ੍ਰਭਾਵਿਤ ਨਹੀਂ ਹੋਣਗੇ. ਵਿਅਕਤੀ-ਤੋਂ-ਵਪਾਰੀ ਸ਼੍ਰੇਣੀ ਤਹਿਤ UPI QR ਕੋਡਾਂ ਰਾਹੀਂ ਪ੍ਰਤੀ ਮਹੀਨਾ 1 ਲੱਖ ਰੁਪਏ ਤੱਕ ਪ੍ਰਾਪਤ ਕਰਨ ਵਾਲੇ ਛੋਟੇ ਵਪਾਰੀ ਅਤੇ ਰੇਹੜੀ ਪਟੜੀ ਵਾਲਿਆਂ ਨੂੰ ਸਾਰੇ ਲੈਣ-ਦੇਣ 'ਤੇ ਜ਼ੀਰੋ MDR ਦਾ ਲਾਭ ਮਿਲਦਾ ਰਹੇਗਾ.

---

------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਪਾਕਿਸਤਾਨ ਦੀ ਆਈ.ਐਸ.ਆਈ-ਦੀ ਹਮਾਇਤ ਪ੍ਰਾਪਤ, ਗੈਰ-ਕਾਨੂੰਨੀ ਹਥਿਆਰ ਅਤੇ ਧਮਾਕਾਖੇਜ਼ ਸਪਲਾਈ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਪੁਲਿਸ ਅਦਾਰਿਆਂ 'ਤੇ ਹਮਲਾ ਕਰਨ ਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਏ ਅਤੇ ਮਈ 2026 ਵਿੱਚ ਆਰਮੀ ਛਾਉਣੀ ਖਾਸਾ ਨੇੜੇ ਹੋਏ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈ.ਈ.ਡੀ.) ਧਮਾਕੇ ਸਬੰਧੀ ਮਾਮਲੇ ਨੂੰ ਸੁਲਝਾ ਲਿਆ ਏ । ਇਸ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਪੁਲਿਸ ਦੇ ਡਾਇਰੈਕਟਰ

ਜਨਰਲ, ਗੌਰਵ ਯਾਦਵ ਨੇ ਕਿਹਾ ਕਿ ਪੁਲਿਸ ਟੀਮਾਂ ਨੇ ਆਪਸ ਵਿੱਚ ਜੁੜੇ ਦੋ ਮਾਮਲਿਆਂ ਵਿੱਚ ਕੁੱਲ ਛੇ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਹੈਂਡ ਗ੍ਰਨੇਡ ਅਤੇ ਇੱਕ 9 ਐਮਐਮ ਪਿਸਤੌਲ ਸਮੇਤ ਪੰਜ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਨੇ. ਪੁਲਿਸ ਅਦਾਰਿਆਂ 'ਤੇ ਹਮਲੇ ਦੀ ਸਾਜ਼ਿਸ਼ ਦੇ ਸਬੰਧ ਵਿੱਚ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਕਰ ਲਈ ਗਈ ਏ.ਖਾਸਾ ਛਾਉਣੀ ਵਿਖੇ ਆਈਈਡੀ ਧਮਾਕੇ ਨੂੰ ਅੰਜ਼ਾਮ ਦੇਣ ਲਈ ਗ੍ਰਿਫ਼ਤਾਰ ਕੀਤੇ ਗਏ ਤਿੰਨ ਕਾਰਕੁਨਾਂ ਦੀ ਪਛਾਣ ਅੰਮ੍ਰਿਤਸਰ ਦੇ ਰਹਿਣ ਵਾਲਿਆਂ ਵਜੋਂ ਹੋਈ ਏ.  ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਇਸ ਮਾਡਿਊਲ ਦੇ ਵਿਦੇਸ਼ੀ ਤਸਕਰਾਂ ਅਤੇ ਆਈ.ਐਸ.ਆਈ ਦੇ ਕਾਰਕੁਨਾਂ ਨਾਲ ਕਥਿਤ ਸਬੰਧ ਸਾਹਮਣੇ ਆਏ ਨੇ ਅਤੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਦੇ ਨਾਲ-ਨਾਲ ਹੋਰ ਸਬੰਧਾਂ ਦਾ ਪਤਾ ਲਾਉਣ ਲਈ ਅਗਲੇਰੀ ਜਾਂਚ ਜਾਰੀ ਏ।

---------------------------------------------------

ਮੌਸਮ ਵਿਭਾਗ ਵੱਲੋਂ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ 14 ਅਤੇ 15 ਅਕਤੂਬਰ ਨੂੰ ਬਹੁਤ ਸਾਰੀਆਂ ਥਾਵਾਂ 'ਤੇ ਤੇਜ਼ ਹਵਾਵਾਂ ਨਾਲ ਗੜੇਮਾਰੀ ਅਤੇ ਗਰਜ ਚਮਕ ਸਮੇਤ ਬਾਰਿਸ਼ ਦਾ ORANGE ਅਲਰਟ ਜਾਰੀ ਕੀਤਾ ਗਿਆ ਏ । ਇਨ੍ਹਾਂ ਜ਼ਿਲ੍ਹਿਆਂ ਵਿੱਚ ਪੰਜਾਬ ਦੇ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਅੰਮ੍ਰਿਤਸਰ, ਅਤੇ ਮੋਹਾਲੀ ਸਮੇਤ 11 ਜ਼ਿਲ੍ਹੇ ਸ਼ਾਮਲ ਨੇ, ਜਦਕਿ ਬਾਕੀ ਕੁਝ ਹੋਰ ਜ਼ਿਲ੍ਹਿਆਂ ਵਿੱਚ ਵੀ YELLOW ਅਲਰਟ ਜਾਰੀ ਕੀਤਾ ਗਿਆ ਏ ।

---

- ਪੰਜਾਬ ਵਿੱਚ, ਨਸ਼ਾ ਵਿਰੋਧੀ ਕਾਰਜਕਰਤਾ, ਪਰਵਿੰਦਰ ਸਿੰਘ ਝੋਟਾ ਦੇ ਕਤਲ ਦੀ, ਭਾਜਪਾ ਸਮੇਤ ਵਖ – ਵਖ ਸਿਆਸੀ ਪਾਰਟੀਆਂ ਵਲੋਂ ਸਖਤ ਨਿਖੇਧੀ. ਸੀ ਬੀ ਆਈ ਜਾਂਚ ਦੀ ਮੰਗ.

- ਪੰਜਾਬ ਵਿੱਚ SIR ਮੁਕੰਮਲ. ਵੋਟਰਾਂ ਦੀ ਕੁੱਲ ਗਿਣਤੀ 2.1 ਕਰੋੜ ਤੋਂ ਵੱਧ. ਰਹਿੰਦੇ ਲੋਕਾਂ ਲਈ ਜਲਦ ਹੀ ਲਾਏ ਜਾਣਗੇ ਵਿਸ਼ੇਸ਼ ਕੈਂਪ.

- ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵਲੋਂ ਐਸ.ਏ.ਐਸ. ਨਗਰ ਵਿਖੇ ਅਤਿ-ਆਧੁਨਿਕ ਬਾਇਓ-ਫਰਟੀਲਾਈਜ਼ਰ ਟੈਸਟਿੰਗ ਲੈਬਾਰਟਰੀ ਦਾ ਉਦਘਾਟਨ.

- 2 ਹਜ਼ਾਰ ਰੁਪਏ ਤੋਂ ਵੱਧ ਦੇ ਗਾਹਕ-ਤੋਂ-ਵਪਾਰੀ ਲੈਣ-ਦੇਣ ਲਈ UPI ਵਪਾਰੀ ਛੋਟ ਦਰ MDR ਦੀਵਾਲੀ ਤੋਂ ਬਾਅਦ ਕੀਤੀ ਜਾਵੇਗੀ ਲਾਗੂ. ਵਿਅਕਤੀ-ਤੋਂ-ਵਿਅਕਤੀ ਸਾਰੇ UPI ਲੈਣ-ਦੇਣ ਰਹਿਣਗੇ ਮੁਫ਼ਤ.

- ਮੌਸਮ ਵਿਭਾਗ ਵੱਲੋਂ, ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ, ਅਗਲੇ 2 ਦਿਨਾਂ ਲਈ, ਕਈ ਥਾਵਾਂ 'ਤੇ ਗੜ੍ਹੇਮਾਰੀ ਅਤੇ ਬਾਰਿਸ਼ ਦਾ ORANGE ਅਲਰਟ ਜਾਰੀ.

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਰਾਤ ਸਾਢੇ 8 ਵਜੇ ਹੋਏਗਾ।**

**ਨਮਸ੍ਕਾਰ**